ਨੰ: 6/41/19-2ਸਿ ਸੈੱਲ/752

**ਪੰਜਾਬ ਸਰਕਾਰ**

**ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ**

**(ਸਿੱਖਿਆ ਸੈੱਲ)**

ਸੇਵਾ ਵਿਖੇ,

ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀ, ਸਮੂਹ ਡਵੀਜ਼ਨਾਂ ਦੇ ਕਮਿਸ਼ਨਰ/ ਸਮੂਹ ਡਿਪਟੀ ਕਮਿਸ਼ਨਰ,
ਸਮੂਹ ਵਿਭਾਗਾਂ ਦੇ ਮੁਖੀ, ਬੋਰਡਾਂ/ ਕਾਰਪੋਰੇਸ਼ਨਾਂ ਦੇ ਮੁਖੀ, ਰਜਿਸਟਰਾਰ ਕੋਆਪਰੇਟਿਵ ਸੁਸਾਇਟੀ,
ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪਮੰਡਲ ਅਫਸਰ (ਸਿਵਲ) ਅਤੇ ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ।

ਮਿਤੀ, ਚੰਡੀਗੜ੍ਹ/ 04/07/2022

ਵਿਸ਼ਾ: ਪੰਜਾਬ ਰਾਜ ਦੇ ਸਮੂਹ ਸਰਕਾਰੀ ਦਫ਼ਤਰਾਂ/ ਵਿਭਾਗਾਂ /ਅਦਾਰਿਆਂ/ ਸਰਕਾਰੀ ਅਤੇ ਗੈਰ ਸਰਕਾਰੀ ਵਿੱਦਿਅਕ ਅਦਾਰਿਆਂ/ ਬੋਰਡਾਂ/ ਨਿਗਮਾਂ/ ਵਿੱਦਿਅਕ ਸੰਸਥਾਵਾਂ/ ਸਰਕਾਰੀ ਅਤੇ ਗੈਰ ਸਰਕਾਰੀ ਸੰਸਥਾਵਾਂ/ ਸੁਸਾਇਟੀ ਐਕਟ/ ਫੈਕਟਰੀ ਐਕਟ ਤਹਿਤ ਰਜਿਸਟਰਡ ਵਪਾਰਿਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ, ਨਾਮ ਪੱਟੀਆਂ/ ਮੀਲ ਪੱਥਰ/ ਸਾਈਨ ਬੋਰਡ ਪੰਜਾਬੀ ਭਾਸ਼ਾ ਵਿੱਚ ਲਿਖੇ ਜਾਣ ਸਬੰਧੀ।

ਸ੍ਰੀਮਾਨ ਜੀ/ ਸ੍ਰੀਮਤੀ ਜੀ,

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਹਵਾਲਾ ਅਧੀਨ ਪੱਤਰਾਂ ਰਾਹੀਂ ਪੰਜਾਬ ਸਰਕਾਰ ਅਧੀਨ ਆਉਂਦੇ ਸਾਰੇ ਦਫ਼ਤਰ ਬੋਰਡਾਂ, ਕਾਰਪੋਰੇਸ਼ਨਾਂ ਅਤੇ ਵਿੱਦਿਅਕ ਸੰਸਥਾਵਾਂ ਵਿਚ ਪੰਜਾਬੀ ਦੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ। ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਇਨ੍ਹਾਂ ਹਦਾਇਤਾਂ ਦੀ ਪਾਲਣਾ ਨਹੀਂ ਹੋ ਰਹੀ। ਜਿਸ ਦਾ ਪੰਜਾਬ ਸਰਕਾਰ ਵਲੋਂ ਸਖ਼ਤ ਨੋਟਿਸ ਲਿਆ ਹੈ।

3.0 ਪੰਜਾਬ ਰਾਜ ਭਾਸ਼ਾ ਐਕਟ-1967 ਦੀ ਧਾਰਾ 4 ਅਤੇ ਪੰਜਾਬ ਰਾਜ ਭਾਸ਼ਾ ਤਰਮੀਮ ਐਕਟ-2008 ਰਾਹੀਂ ਪੰਜਾਬ ਰਾਜ ਦੇ ਪ੍ਰਸ਼ਾਸਨ ਵਿਚ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਦੀ ਵਰਤੋਂ ਕਰਨ ਸਬੰਧੀ ਅਧਿਸੂਚਨਾ ਜਾਰੀ ਕੀਤੀ ਗਈ ਸੀ। ਇਸ ਲਈ ਸਮੁੱਚੇ ਪੰਜਾਬ ਰਾਜ ਵਿਚ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਨੂੰ ਵਧੇਰੇ ਮਹੱਤਤਾ ਦੇਣ/ ਪ੍ਰਭਾਵਸ਼ਾਲੀ ਬਣਾਉਣ ਲਈ ਸਮੂਹ ਸਰਕਾਰੀ ਦਫ਼ਤਰਾਂ/ ਵਿਭਾਗਾਂ/ ਅਦਾਰਿਆਂ/ ਅਰਧ ਸਰਕਾਰੀ ਵਿੱਦਿਅਕ ਅਦਾਰਿਆਂ/ ਬੋਰਡਾਂ/ ਨਿਗਮਾਂ/ ਵਿੱਦਿਅਕ ਸੰਸਥਾਵਾਂ/ ਸਰਕਾਰੀ ਅਤੇ ਗੈਰ ਸਰਕਾਰੀ ਸੰਸਥਾਵਾਂ/ ਸੁਸਾਇਟੀ ਐਕਟ/ ਫੈਕਟਰੀ ਐਕਟ ਅਤੇ ਪੰਜਾਬ ਦੁਕਾਨਾਂ ਅਤੇ ਵਪਾਰਕ ਅਦਾਰੇ ਐਕਟ-1958 ਤਹਿਤ ਰਜਿਸਟਰਡ ਵਪਾਰਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ, ਨਾਮ ਪੱਟੀਆਂ/ ਮੀਲ ਪੱਥਰ/ ਸਾਈਨ ਬੋਰਡ ਲਿਖਣ ਸਮੇਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਵਿੱਚ ਲਿਖੇ ਜਾਣ। ਜੇਕਰ ਹੋਰ ਭਾਸ਼ਾ ਵਿਚ ਨਾਮ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਤੋਂ ਹੇਠਾਂ ਦੂਸਰੀ ਭਾਸ਼ਾ ਵਿਚ ਲਿਖਿਆ ਜਾਵੇ। ਇਸ ਸਬੰਧੀ ਨਮੂਨੇ ਦੀ ਕਾਪੀ ਨਾਲ ਨੱਥੀ ਕੀਤੀ ਜਾਂਦੀ ਹੈ।

4.0 ਕਿਰਪਾ ਕਰਕੇ ਆਪਣੇ ਅਧੀਨ ਆਉਂਦੇ ਵਿਭਾਗਾਂ ਵਿਚ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

ਵਿਸ਼ਵਾਸਪਾਤਰ,

ਕ੍ਰਿਸ਼ਨ ਕੁਮਾਰ, ਆਈ.ਏ.ਐਸ.,
ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

ਮਿਤੀ, ਚੰਡੀਗੜ੍ਹ

ਉਪਰੋਕਤ ਦਾ ਇਕ ਉਤਾਰਾ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਅਤੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ ਕਰਮਚਾਰੀਆਂ ਵਲੋਂ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ

ਪ.ਵਿ.ਪ.ਨੰ. 6/41/19-2ਸਿ.ਸੈਲ/753 ਮਿਤੀ, ਚੰਡੀਗੜ੍ਹ/ 04/07/2022